# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 16-09-2024**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਹਰੇ ਵਿਕਾਸ ਭਾਵ ਚੁਗਿਰਦੇ ਦੇ ਅਨੁਕੂਲ ਵਿਕਾਸ ਅਤੇ ਕਾਰਬਨ ਨਿਕਾਸੀ ਟੀਚਿਆਂ ਨੂੰ ਹਾਸਲ ਕਰਨ ਲਈ, ਭਾਰਤ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ। ਉਹ ਚੌਥੀ RE Invest global renewable energy meet ਦਾ ਉਦਘਾਟਨ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰ ਰਹੇ ਸਨ। ਪ੍ਰਧਾਨ ਮੰਤਰੀ ਮੋਦੀ ਨੇ ਅੱਜ ਗਾਂਧੀਨਗਰ ਦੇ ਮਹਾਤਮਾ ਮੰਦਰ ਵਿੱਚ ਪ੍ਰਧਾਨ ਮੰਤਰੀ ਸੂਰਜਘਰ ਮੁਫਤ ਬਿਜਲੀ ਯੋਜਨਾ ਵੀ ਰਾਸ਼ਟਰ ਨੂੰ ਸਮਰਪਿਤ ਕੀਤੀ। ਪ੍ਰਧਾਨ ਮੰਤਰੀ ਨੇ ਕਿਹਾ ਕਿ, ਇੱਕ ਵਿਕਾਸਸ਼ੀਲ ਦੇਸ਼ ਹੋਣ ਦੇ ਬਾਵਜੂਦ, ਭਾਰਤ ਨੇ ਪੈਰਿਸ ਵਿੱਚ ਤੈਅ ਕੀਤੇ ਗਏ ਆਪਣੇ ਜਲਵਾਯੂ ਜ਼ਿਮੇਵਾਰੀਆਂ ਨੂੰ ਟੀਚੇ ਤੋਂ ਨੌਂ ਸਾਲ ਪਹਿਲਾਂ ਹਾਸਲ ਕਰ ਲਿਆ ਏ। ਉਨ੍ਹਾਂ ਕਿਹਾ ਕਿ ਭਾਰਤ ਨੇ ਹਰੀ ਤਬਦੀਲੀ ਨੂੰ, ਲੋਕ ਲਹਿਰ ਬਣਾ ਦਿੱਤਾ ਏ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸੂਰਜਘਰ ਮੁਫਤ ਬਿਜਲੀ ਯੋਜਨਾ ਨਾਲ ਭਾਰਤ ਦਾ ਹਰ ਘਰ ਬਿਜਲੀ ਉਤਪਾਦਕ ਬਣ ਜਾਵੇਗਾ।

ਅੱਜ ਇਸ ਤੋਂ ਪਹਿਲਾਂ, ਪ੍ਰਧਾਨ ਮੰਤਰੀ ਨੇ ਗਾਂਧੀਨਗਰ ਵਿੱਚ ਪ੍ਰਧਾਨ ਮੰਤਰੀ ਸੂਰੀਘਰ ਮੁਫਤ ਬਿਜਲੀ ਯੋਜਨਾ ਦੇ ਲਾਭਪਾਤਰੀਆਂ ਨਾਲ ਗੱਲਬਾਤ ਕੀਤੀ।

----------------------------------------------------

ਦੇਸ਼ ਭਰ ਵਿਚ ਪੈਗੰਬਰ ਮੁਹੰਮਦ ਦੇ ਜਨਮ ਦਿਹਾੜੇ 'ਤੇ ਅੱਜ ਈਦ ਮਿਲਾਦ-ਉਨ-ਨਬੀ ਦਾ ਤਿਉਹਾਰ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਇਸ ਮੌਕੇ ਪੈਗੰਬਰ ਮੁਹੰਮਦ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਚਾਨਣਾ ਪਾਉਂਦੀਆਂ "ਮਿਲਾਦ ਮਹਿਫਿਲਾਂ" ਅਤੇ "ਸੀਰਤ ਕਾਨਫਰੰਸ" ਵੀ ਕਰਵਾਈਆਂ ਜਾ ਰਹੀਆਂ ਨੇ।

----------------------------------------------------

ਰਾਸ਼ਟਰਪਤੀ, ਉਪ ਰਾਸ਼ਟਰਪਤੀ ਅਤੇ ਪ੍ਰਧਾਨ ਮੰਤਰੀ ਨੇ ਮਿਲਾਦ-ਉਨ-ਨਬੀ ਦੇ ਮੌਕੇ 'ਤੇ ਲੋਕਾਂ, ਖਾਸ ਕਰਕੇ ਮੁਸਲਿਮ ਭਾਈਚਾਰੇ ਨੂੰ ਵਧਾਈ ਦਿੱਤੀ ਏ। ਆਪਣੇ ਸੰਦੇਸ਼ ਵਿੱਚ ਰਾਸ਼ਟਰਪਤੀ ਮੁਰਮੂ ਨੇ ਕਿਹਾ ਏ ਕਿ, ਪੈਗੰਬਰ ਨੇ ਸਾਰਿਆਂ ਨੂੰ ਪਿਆਰ ਅਤੇ ਭਾਈਚਾਰੇ ਦੀਆਂ ਭਾਵਨਾਵਾਂ ਨੂੰ ਮਜ਼ਬੂਤ ਕਰਨ ਲਈ ਪ੍ਰੇਰਿਤ ਕੀਤਾ ਅਤੇ ਸਮਾਜ ਵਿੱਚ ਬਰਾਬਰੀ

ਅਤੇ ਸਦਭਾਵਨਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਲੋਕਾਂ ਨੂੰ ਦੂਜਿਆਂ ਪ੍ਰਤੀ ਹਮਦਰਦੀ ਰੱਖਣ ਅਤੇ ਮਨੁੱਖਤਾ ਦੀ ਸੇਵਾ ਕਰਨ ਲਈ ਉਤਸ਼ਾਹਿਤ ਕੀਤਾ। ਰਾਸ਼ਟਰਪਤੀ ਨੇ ਲੋਕਾਂ ਨੂੰ ਪਵਿੱਤਰ ਕੁਰਾਨ ਦੀਆਂ ਸਿੱਖਿਆਵਾਂ ਨੂੰ ਗ੍ਰਹਿਣ ਕਰਨ ਅਤੇ ਸ਼ਾਂਤੀਪੂਰਨ ਸਮਾਜ ਬਣਾਉਣ ਦਾ ਸੰਕਲਪ ਕਰਨ ਦੀ ਅਪੀਲ ਕੀਤੀ। ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਲੋਕਾਂ ਨੂੰ ਪੈਗੰਬਰ ਹਜ਼ਰਤ ਮੁਹੰਮਦ ਦੇ ਦਇਆ, ਨਿਆਂ ਅਤੇ ਨਿਮਰਤਾ ਦੇ ਆਦਰਸ਼ਾਂ ਨੂੰ ਰੋਜ਼ਾਨਾ ਜੀਵਨ ਵਿੱਚ ਯਾਦ ਕਰਨ ਲਈ ਕਿਹਾ। ਸ੍ਰੀ ਧਨਖੜ ਨੇ ਆਸ ਪ੍ਰਗਟਾਈ ਕਿ ਮੁਹੰਮਦ ਸਾਹਿਬ ਦੀਆਂ ਸਦੀਵੀ ਸਿੱਖਿਆਵਾਂ ਮਨੁੱਖਤਾ ਨੂੰ ਹਮਦਰਦੀ ਅਤੇ ਵਿਸ਼ਵ-ਵਿਆਪੀ ਭਾਈਚਾਰੇ ਨੂੰ ਬਰਕਰਾਰ ਰੱਖਣ ਲਈ ਸੇਧ ਦਿੰਦੀਆਂ ਰਹਿਣਗੀਆਂ। ਮਿਲਾਦ-ਉਨ-ਨਬੀ ਦੇ ਮੌਕੇ 'ਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਉਮੀਦ ਪ੍ਰਗਟਾਈ ਕਿ ਸਦਭਾਵਨਾ ਅਤੇ ਏਕਤਾ ਹਮੇਸ਼ਾ ਬਣੀ ਰਹੇਗੀ ਅਤੇ ਚਾਰੇ ਪਾਸੇ ਖੁਸ਼ਹਾਲੀ ਹੋਵੇਗੀ।

---------------------------------------------------

ਸਰਹੱਦ ਪਾਰ ਨਸ਼ੀਲੇ ਪਦਾਰਥਾਂ ਦੇ ਨੈਟਵਰਕ ਨੂੰ ਵੱਡਾ ਝਟਕਾ ਦਿੰਦੇ ਹੋਏ, ਜਲੰਧਰ ਕਮਿਸ਼ਨਰੇਟ ਪੁਲਿਸ ਨੇ, ਅੰਤਰਰਾਸ਼ਟਰੀ ਡਰੱਗ ਰੈਕੇਟ ਦਾ ਪਰਦਾਫਾਸ਼ ਕਰਦਿਆਂ 10 ਕਿੱਲੋ ਹੈਰੋਇਨ ਬਰਾਮਦ ਕਰਕੇ  ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ । ਇਹ ਜਾਣਕਾਰੀ ਡੀ. ਜੀ. ਪੀ. ਪੰਜਾਬ,ਗੌਰਵ ਯਾਦਵ ਵਲੋਂ ,ਆਪਣੇ ਸੋਸ਼ਲ ਮੀਡੀਆ ਅਕਾਊਂਟ ਸਾਂਝੀ ਕੀਤੀ ਗਈ। ਉਨ੍ਹਾਂ ਸ਼ੋਸ਼ਲ ਮੀਡੀਆ ’ਤੇ ਲਿਖਿਆ ਕਿ ਡਰੋਨ ਦੀ ਵਰਤੋਂ, ਪਾਕਿਸਤਾਨ ਤੋਂ ਨਸ਼ਿਆਂ ਦੀ ਤਸਕਰੀ ਲਈ ਕੀਤੀ ਜਾਂਦੀ ਸੀ। ਮੁਲਜ਼ਮਾਂ ਦਾ ਸੰਬੰਧ, ਪਾਕਿਸਤਾਨ ਸਥਿਤ ਤਸਕਰਾਂ ਨਾਲ ਸੀ। ਇਸ ਤੋਂ ਪਹਿਲਾਂ ਇਕ ਵਿਅਕਤੀ, 1 ਕਿਲੋ ਹੈਰੋਇਨ ਅਤੇ, 4 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਫੜਿਆ ਗਿਆ ਸੀ

---------------------------------------------------------------

ਬਠਿੰਡਾ ਦੇ ਸਰਕਾਰੀ ਰਜਿੰਦਰਾ ਕਾਲਜ 'ਚ ਸਥਿਤ, ਹਾਕੀ ਸਟੇਡੀਅਮ ਵਿਖੇ ਕਰਵਾਏ ਗਏ ਦੋ ਰੋਜ਼ਾ ਹਾਕੀ ਟੂਰਨਾਮੈਂਟ 'ਚ, ਮੁੱਖ ਮਹਿਮਾਨ ਵਜੋਂ ਪਹੁੰਚੇ ਖੇਤੀਬਾੜੀ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕਰਨ ਲਈ, ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਨੇ। ਉਨ੍ਹਾਂ ਹਾਕੀ ਟੂਰਨਾਮੈਂਟ ਦੀ ਸ਼ਲਾਘਾ ਕਰਦਿਆਂ ਕਿਹਾ, ਕਿ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ

ਲਈ, ਭਵਿੱਖ ਵਿਚ ਵੀ, ਇਸ ਤਰ੍ਹਾਂ ਦੇ ਸਮਾਗਮ ਉਲੀਕੇ ਜਾਣਗੇ। ਉਨ੍ਹਾਂ ਕਿਹਾ ਕਿ ਖੇਡਾਂ ਨਾਲ ਜੁੜ ਕੇ ਨੌਜਵਾਨ ਜਿੱਥੇ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰਹਿੰਦੇ ਹਨ, ਉੱਥੇ ਹੀ ਉਹ ਸਮਾਜ ਵਿਚ ਇਕ ਚੰਗੇ ਨਾਗਰਿਕ ਦੇ ਤੌਰ 'ਤੇ ਆਪਣੀ ਪਹਿਚਾਣ ਬਣਾ ਸਕਦੇ ਹਨ। ਇਸ ਮੌਕੇ ਕੈਬਨਿਟ ਮੰਤਰੀ ਸ ਗੁਰਮੀਤ ਸਿੰਘ ਖੁੱਡੀਆਂ ਨੇ, ਇਸ ਹਾਕੀ ਟੂਰਨਾਮੈਂਟ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਭਵਿੱਖ ਵਿਚ ਵੀ ਇਸ ਤਰ੍ਹਾਂ ਦੇ ਸਮਾਗਮ ਉਲੀਕੇ ਜਾਣਗੇ। ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਖੇਡਾਂ ਨਾਲ ਜੁੜ ਕੇ ਨੌਜਵਾਨ ਜਿੱਥੇ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰਹਿੰਦੇ ਨੇ , ਉੱਥੇ ਹੀ ਉਹ ਸਮਾਜ ਵਿਚ ਇਕ ਚੰਗੇ ਨਾਗਰਿਕ ਦੇ ਤੌਰ 'ਤੇ ਆਪਣੀ ਪਹਿਚਾਣ ਬਣਾ ਸਕਦੇ ਨੇ।

--------------------------------------------------------------

ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਸ. ਚੇਤਨ ਸਿੰਘ ਜੋੜਾਮਾਜਰਾ ਨੇ, ਸ਼੍ਰੀ ਫਤਹਿਗੜ੍ਹ ਸਾਹਿਬ ਵਿਖੇ ,ਬਾਬਾ ਮੋਤੀ ਰਾਮ ਮਹਿਰਾ ਖੂਨਦਾਨ ਸੋਸਾਇਟੀ ਫ਼ਤਹਿਗੜ੍ਹ ਸਾਹਿਬ ਵੱਲੋਂ ਲਾਏ ਗਏ 162ਵੇਂ ਵਿਸ਼ਾਲ ਖੂਨਦਾਨ ਕੈਂਪ ਦਾ ਉਦਘਾਟਨ ਕੀਤਾ। ਇਸ ਮੌਕੇ ਸ. ਜੋੜਾਮਾਜਰਾ ਨੇ ਕਿਹਾ, ਕਿ ਖੂਨਦਾਨ ਸਭ ਤੋਂ ਉੱਤਮ ਕਾਰਜ ਏ, ਅਤੇ

ਖੂਨਦਾਨ ਤੋਂ ਵੱਡਾ ਕੋਈ ਹੋਰ ਦਾਨ ਨਹੀਂ ਏ। ਉਨ੍ਹਾਂ ਕਿਹਾ ਕਿ ਹਰੇਕ ਸਿਹਤਮੰਦ ਵਿਅਕਤੀ ਨੂੰ ਖੂਨਦਾਨ ਜਰੂਰ ਕਰਨਾ ਚਾਹੀਦਾ ਏ ਕਿਉਂਕਿ ਇਸ ਨਾਲ ਸਿਹਤ ਤੇ ਕੋਈ ਮਾੜਾ ਪ੍ਰਭਾਵ ਨਹੀਂ ਪੈਂਦਾ। ਕੈਬਨਿਟ ਮੰਤਰੀ ਨੇ, ਬਾਬਾ ਮੋਤੀ ਰਾਮ ਮਹਿਰਾ ਖੂਨਦਾਨ ਸੋਸਾਇਟੀ (ਰਜਿਸਟਰਡ) ਫ਼ਤਹਿਗੜ੍ਹ ਸਾਹਿਬ ਦੀ ਸ਼ਲਾਘਾ ਕਰਦਿਆਂ ਕਿਹਾ, ਕਿ ਸਮਾਜ ਸੇਵਾ ਇੱਕ ਅਜਿਹਾ ਕਾਰਜ ਏ , ਜਿਸ ਨਾਲ ਅਸੀਂ ਮਾਨਵਤਾ ਦੀ ਸੇਵਾ ਕਰ ਸਕਦੇ ਹਾਂ ਅਤੇ ਮਾਨਵਤਾ ਦੀ ਸੇਵਾ ਨੂੰ ਸਾਡੇ ਧਾਰਮਿਕ ਗ੍ਰੰਥਾਂ ਵਿੱਚ ਬਹੁਤ ਵੱਡਾ ਸਥਾਨ ਦਿੱਤਾ ਗਿਆ ਏ।

--------------------------------------------------------------

ਹਲਕਾ ਜਗਰਾਉਂ ਦੇ ਵਿਧਾਇਕ, ਬੀਬੀ ਸਰਵਜੀਤ ਕੌਰ ਮਾਣੂੰਕੇ ਵੱਲੋਂ, ਜਗਰਾਉਂ ਤੋਂ ਹਠੂਰ, ਵਾਇਆ ਕੋਠੇ ਰਾਹਲਾਂ, ਡੱਲਾ, ਮੱਲ੍ਹਾ, ਚਕਰ ਸੜਕ ਨੂੰ, ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾਂ ਤਹਿਤ ਬਨਾਉਣ ਲਈ, ਅੱਜ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਉਹਨਾਂ ਕਿਹਾ, ਕਿ ਇਹ ਸੜਕ, 18 ਫੁੱਟ ਚੌੜੀ, ਤੇ 24.58 ਕਿਲੋ ਮੀਟਰ ਲੰਮੀ ਬਣੇਗੀ, ਤੇ ਇਸ ਉਪਰ 2055.45 ਕਰੋੜ ਰੁਪਏ ਦਾ ਖਰਚਾ ਆਵੇਗਾ। ਬੀਬੀ ਮਾਣੂੰਕੇ ਨੇ ਆਖਿਆ ਕਿ ਉਹ ਹਲਕੇ ਦੇ ਲੋਕਾਂ ਨੂੰ ਬਿਹਤਰ ਸਹੂਲਤਾਂ ਦੇਣ ਲਈ, ਲਗਾਤਾਰ ਯਤਨਸ਼ੀਲ ਨੇ , ਜਿਸ ਤਹਿਤ ਉਹਨਾਂ ਵੱਲੋਂ

ਅਖਾੜਾ ਨਹਿਰ ਉਪਰ ਨਵੇਂ ਪੁੱਲ ਦੇ ਨਿਰਮਾਣ ਦਾ ਕੰਮ ਸ਼ੁਰੂ ਕਰਵਾਇਆ ਗਿਆ ਏ , ਜੋ ਨਵੰਬਰ ਮਹੀਨੇ ਵਿੱਚ ਚਾਲੂ ਕਰ ਦਿੱਤਾ ਜਾਵੇਗਾ, ਪਿੰਡ ਮਲਕ ਤੋਂ ਬੋਦਲਵਾਲਾ ਦਰਮਿਆਨ 1.82 ਕਰੋੜ ਰੁਪਏ ਦੀ ਲਾਗਤ ਨਾਲ ਡਰੇਨ ਉਪਰ ਨਵਾਂ ਪੁੱਲ ਬਣਾਕੇ ਚਾਲੂ ਕਰ ਦਿੱਤਾ ਗਿਆ ਏ ਅਤੇ ਆਉਦੇਂ ਸਮੇਂ ਵਿੱਚ ਪਿੰਡ ਗਗੜਾ ਤੋਂ ਬਾਰਦੇਕੇ ਸੜਕ ਵਿੱਚਕਾਰ ਅਬੋਹਰ ਬ੍ਰਾਂਚ ਉਪਰ ਨਹਿਰ ਦਾ ਨਵਾਂ ਪੁੱਲ ਬਣਾਇਆ ਜਾਵੇਗਾ।